3-Jan-Ropar.qxd 1/3/2022 11:34 PM Page 4

ਕਾਂਗਰਸ ਨੂੰ ਛੱਡਣ ਸਮੇਂ ਇਕੱਤਰ ਪਿੰਡ ਸਰਹਾਣਾ ਨਿਵਾਸੀ।

ਸਰਹਾਣਾ ਦੇ ਕਈ ਪਰਿਵਾਰਾਂ ਨੇ ਕਾਂਗਰਸ ਨੂੰ ਅਲਵਿਦਾ ਆਖਿਆ

ਮੋਰਿੰਡਾ, 3 ਜਨਵਰੀ (ਪ੍ਰਿਤਪਾਲ ਸਿੰਘ)-ਪਿੰਡ ਸਰਹਾਣਾ ਵਿਖੇ ਪਿੰਡ ਦੇ ਸਰਪੰਚ ਸਿਮਰਨਜੀਤ ਸਿੰਘ ਕੰਗ ਦੀ ਅਗਵਾਈ ਹੇਠ ਵੱਡੀ ਗਿਣਤੀ 'ਚ ਲੋਕਾਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਆਖਦਿਆਂ ਆਉਣ ਵਾਲੇ ਦਿਨਾਂ 'ਚ ਸਾਰਿਆਂ ਦਾ ਸਹਿਮਤੀ ਨਾਲ ਕਿਸੇ ਹੋਰ ਸਿਆਸੀ ਪਾਰਟੀ ਨੂੰ ਸਮਰਥਨ ਕਰਨ ਦਾ ਐਲਾਨ ਕੀਤਾ ਗਿਆ। ਇਸ ਸੰਬੰਧੀ ਪਿੰਡ ਵਾਸੀਆਂ ਦੀ ਹਾਜ਼ਰੀ 'ਚ ਸਰਪੰਚ ਸਿਮਰਨਜੀਤ ਸਿੰਘ ਸਰਹਾਣਾ, ਪੰਚ ਦਲਬਾਰਾ ਸਿੰਘ, ਪੰਚ ਅਵਤਾਰ ਸਿੰਘ, ਨੰਬਰਦਾਰ ਸਰਦਾਰਾ ਸਿੰਘ ਤੇ ਸਾਬਕਾ ਪੰਚ ਮਹਿੰਦਰ ਸਿੰਘ ਨੇ ਦੱਸਿਆ ਕਿ ਸਾਡਾ ਪਿੰਡ ਹਰ ਚੋਣਾਂ 'ਚ ਕਾਂਗਰਸ ਪਾਰਟੀ ਨੂੰ ਵੋਟਾਂ ਪਾਉਂਦਾ ਆ ਰਿਹਾ ਹੈ ਜਿਸ ਦੇ ਚੱਲਦਿਆਂ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਜਦ ਪਹਿਲੀ ਵਾਰ ਆਜ਼ਾਦ ਚੋਣ ਲੜੇ ਸਨ ਉਦੋਂ ਤੋਂ ਲੈ ਕੇ ਹੁਣ ਤੱਕ ਪਿੰਡ ਦੇ ਜ਼ਿਆਦਾਤਰ ਲੋਕ ਉਨ੍ਹਾਂ ਨੂੰ ਹੀ ਵੋਟਾਂ ਪਾ ਕੇ ਜਿਤਾਉਂਦੇ ਆ ਰਹੇ ਹਨ। ਸਰਪੰਚ ਸਿਮਰਨਜੀਤ ਸਿੰਘ ਨੇ ਦੱਸਿਆ ਕਿ ਚਰਨਜੀਤ ਸਿੰਘ ਚੰਨੀ ਜਦ ਕੈਬਨਿਟ ਮੰਤਰੀ ਸਨ ਉਦੋਂ ਉਨ੍ਹਾਂ ਨੂੰ ਆਸਾਨੀ ਨਾਲ ਮਿਲ ਕੇ ਕੰਮ ਕਰਵਾ ਲਏ ਜਾਂਦੇ ਸਨ ਪਰ ਜਦੋਂ ਤੋਂ ਉਹ ਮੁੱਖ ਮੰਤਰੀ ਬਣੇ ਹਨ ਉਦੋਂ ਤੋਂ ਕਾਂਗਰਸੀਆਂ ਦੇ ਕੰਮ ਨਹੀਂ ਹੋ ਰਹੇ ਕਿਉਂਕਿ ਮੁੱਖ ਮੰਤਰੀ ਬਣਨ ਉਪਰੰਤ ਉਨ੍ਹਾਂ ਦੇ ਰੁਝੇਵੇਂ ਵੱਧ ਚੁੱਕੇ ਹਨ ਜਦ ਕਿ ਉਨ੍ਹਾਂ ਦੀ ਮੋਰਿੰਡਾ ਰਿਹਾਇਸ਼ ਵਿਖੇ ਤਾਇਨਾਤ ਅਫ਼ਸਰਾਂ ਤੇ ਆਗੂਆਂ ਵਲੋਂ ਕਾਂਗਰਸੀਆਂ ਦੇ ਕੰਮ ਨਹੀਂ ਕੀਤੇ ਜਾ ਰਹੇ। ਜਿਸ ਦੇ ਰੋਸ ਵਜੋਂ ਪਿੰਡ ਸਰਹਾਣਾ ਵਾਸੀਆਂ ਵਲੋਂ ਕਾਂਗਰਸ ਪਾਰਟੀ ਨੂੰ ਅਲਵਿਦਾ ਕਰਨ ਦਾ ਫ਼ੈਸਲਾ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਭਵਿੱਖ 'ਚ ਉਹ ਕਿਸੇ ਵੀ ਸਿਆਸੀ ਪਾਰਟੀ ਨੂੰ ਸਮਰਥਨ ਦੇਣ ਦਾ ਫ਼ੈਸਲਾ ਸਾਰੇ ਪਿੰਡ ਦੀ ਸਹਿਮਤੀ ਨਾਲ ਲਿਆ ਜਾਵੇਗਾ। ਇਸ ਮੌਕੇ ਪੰਚ ਰਮਨਪ੍ਰੀਤ ਕੌਰ, ਪੰਚ ਸੁਖਵਿੰਦਰ ਕੌਰ, ਪੰਚ ਸੁਖਦੇਵ ਸਿੰਘ, ਪਾਲ ਸਿੰਘ, ਪ੍ਰੇਮ ਸਿੰਘ ਰੱਕੜ, ਚਰਨਜੀਤ ਸਿੰਘ, ਲਾਭ ਸਿੰਘ, ਅੰਮ੍ਰਿਤਪਾਲ ਕੌਰ, ਪਰਮਜੀਤ ਕੌਰ, ਸੁਖਦੀਪ ਕੌਰ, ਸਵਰਨ ਕੌਰ, ਬਲਬੀਰ ਕੌਰ, ਹਰਪ੍ਰੀਤ ਕੌਰ, ਕੁਲਦੀਪ ਕੌਰ, ਦੀਵਾਨ ਚੰਦ, ਮਮਤਾ ਰਾਣੀ ਸਮੇਤ ਅਨੇਕਾਂ ਪਿੰਡ ਨਿਵਾਸੀ ਹਾਜ਼ਰ ਸਨ।

ਰੈਲੀ ਦਾ ਰੂਪ ਧਾਰਨ ਕਰ ਗਿਆ ਐਨ. ਐਸ. ਯੂ. ਆਈ ਦੇ ਜ਼ਿਲ੍ਹਾ ਪ੍ਰਧਾਨ ਗੱਗੂ ਦਾ ਤਾਜਪੋਸ਼ੀ ਸਮਾਗਮ

ਨੂਰਪੁਰ ਬੇਦੀ, 3 ਜਨਵਰੀ (ਢੀਂਡਸਾ)-ਨੈਸ਼ਨਲ ਸਟੂਡੈਂਟ ਯੂਨੀਅਨ ਆਫ਼ ਇੰਡੀਆ ਦੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਸਤਵਿੰਦਰ ਸਿੰਘ ਗੱਗੂ ਦਾ ਤਾਜਪੋਸ਼ੀ ਸਮਾਗਮ ਰੈਲੀ ਦਾ ਰੂਪ ਧਾਰਨ ਕਰ ਗਿਆ। ਸਮਾਗਮ 'ਚ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਬਰਿੰਦਰ ਸਿੰਘ ਢਿੱਲੋਂ ਵਲੋਂ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ ਗਈ। ਤਾਜਪੋਸ਼ੀ ਸਮਾਗਮ ਨੂੰ ਸੰਬੋਧਨ ਕਰਦਿਆਂ ਢਿੱਲੋਂ ਨੇ ਕਿਹਾ ਕਿ ਕਾਂਗਰਸ ਲੋਕਾਂ ਦੀ ਸਰਕਾਰ ਹੈ ਨਾ ਕਿ ਕਿਸੇ ਵਿਅਕਤੀ ਵਿਸ਼ੇਸ਼ ਦੀ ਨਿੱਜੀ ਜਗੀਰ। ਉਨ੍ਹਾਂ ਸਤਵੰਤ ਸਿੰਘ ਗੱਗੂ ਨੂੰ ਵਿਦਿਆਰਥੀ ਵਿੰਗ ਦੇ ਨੁਮਾਇੰਦੇ ਵਜੋਂ ਅਹਿਮ ਅਹੁਦਾ ਸੰਭਾਲਣ ਦੀ ਵਧਾਈ ਦਿੰਦਿਆਂ ਨੌਜਵਾਨ ਵਰਗ ਦੀਆਂ ਮੁਸ਼ਕਿਲਾਂ ਹੱਲ ਕਰਨ ਦੀ ਜ਼ਿੰਮੇਵਾਰੀ ਲਗਾਈ। ਨਵ ਨਿਯੁਕਤ ਪ੍ਰਧਾਨ ਸਤਵੰਤ ਸਿੰਘ ਗੱਗੂ ਨੇ ਪਾਰਟੀ ਹਾਈਕਮਾਂਡ ਤੇ ਬਰਿੰਦਰ ਸਿੰਘ ਢਿੱਲੋਂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵਲੋਂ ਲਗਾਈ ਹਰ ਜ਼ਿੰਮੇਵਾਰੀ ਨੂੰ ਉਹ ਤਨ ਮਨ ਧਨ ਨਾਲ ਨਿਭਾਉਣਗੇ ਤੇ ਆਉਂਦੀਆਂ ਚੋਣਾਂ 'ਚ ਰੋਪੜ ਦੀ ਜਿੱਤ ਲਈ ਵਿਦਿਆਰਥੀ ਵਿੰਗ ਅਹਿਮ ਭੂਮਿਕਾ ਨਿਭਾਵੇਗਾ।

ਬਰਿੰਦਰ ਸਿੰਘ ਢਿੱਲੋਂ ਨੂੰ ਐਨ. ਐਸ. ਯੂ. ਆਈ. ਦੇ ਨਵੇਂ ਪ੍ਰਧਾਨ ਸਤਵੰਤ ਸਿੰਘ ਗੱਗੂ ਤੇ ਰੁਦਰਾ ਜਨਸੇਵਾ ਸਮੂਹ ਦੇ ਅਹੁਦੇਦਾਰ ਸਨਮਾਨਿਤ ਕਰਦੇ ਹੋਏ। ਤਸਵੀਰ : ਢੀਂਡਸਾ

ਐਨ. ਐਸ. ਯੂ. ਆਈ. ਦੇ ਬਲਾਕ ਪ੍ਰਧਾਨ ਗੁਰਦੀਪ ਸਿੰਘ ਸੰਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਵਿਧਾਨ ਸਭਾ ਚੋਣਾਂ 'ਚ ਰੂਪਨਗਰ ਦਾ ਸਭਾ ਹਲਕ ਤੋਂ ਬੇਮਿਸਾਲ ਜਿੱਤ ਹਾਸਲ ਕਰੇਗੀ। ਇਸ ਦੌਰਾਨ ਐਨ. ਐਸ. ਯੂ. ਆਈ. ਦੀ ਟੀਮ ਵਲੋਂ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਬਰਿੰਦਰ ਸਿੰਘ ਢਿੱਲੋਂ ਨੂੰ ਸਿਰੋਪਾਓ, ਯਾਦਗਾਰੀ ਚਿੰਨ੍ਹ ਤੇ ਸ੍ਰੀ ਸਾਹਿਬ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਰੁਦਰਾ ਜਨਸੇਵਾ ਸਮੂਹ ਵਲੋਂ ਕੋਰੋਨਾ ਦੌਰਾਨ ਕੀਤੇ ਵਿਸ਼ੇਸ਼ ਸਮਾਜ ਸੇਵੀ ਕਾਰਜਾਂ ਲਈ ਸ੍ਰੀ ਢਿੱਲੋਂ ਨੂੰ ਕਰੋਨਾ ਵਾਰੀਅਰਜ਼ ਦਾ ਖ਼ਿਤਾਬ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਪ੍ਰੇਮ ਚੇਅਰਮੈਨ ਬਲਾਕ ਸੰਮਤੀ, ਡਾ. ਦੇਸਰਾਜ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਜਸਬੀਰ ਸਿੰਘ ਸਸਕੋਰ, ਨਰਿੰਦਰ ਬੱਗਾ, ਕੋਆਰਡੀਨੇਟਰ ਗੁਰੂ ਸ਼ਰਨ ਪਰਮਾਰ, ਡਾ. ਅੱਛਰ ਸ਼ਰਮਾ, ਪ੍ਰਵੇਸ਼ ਸੋਨੀ, ਭੁਪਿੰਦਰ ਸਿੰਘ ਚਨੋਲੀ, ਵਿਜੈ ਕੁਮਾਰ ਪਿੰਕਾ, ਨੰਬਰਦਾਰ ਜਰਨੈਲ ਸਿੰਘ, ਵਿੱਕੀ ਪ੍ਰਲਾਟਾ, ਮਨਜੀਤ ਸਿੰਘ ਨਟ, ਨਰੇਸ਼ ਚੌਧਰੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਪ੍ਰੀਤਮ ਸਿੰਘ ਮਾਵਾ, ਗੁਰਬਖਸ਼ ਸਿੰਘ ਮਾਵਾ, ਸਰਪੰਚ ਗੁਰਮੀਤ ਸਿੰਘ ਬਾੜੀਆਂ, ਕਰਨ ਰੰਧਾਵਾ ਤੋਂ ਇਲਾਵਾ ਯੂਥ ਵਲੰਟੀਅਰ ਹਾਜ਼ਰ ਸਨ।

ਲੋਕਾਂ ਨੂੰ ਜਾਗਰੂਕ ਕਰਦੇ ਹੋਏ ਸਿਹਤ ਵਿਭਾਗ ਦੇ ਕਾਮੇ।
ਤਸਵੀਰ : ਰਾਜੇਸ਼ ਚੌਧਰੀ

ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਆਈ. ਈ. ਸੀ. ਵੈਨ ਵਲੋਂ ਲੋਕਾਂ ਨੂੰ ਕੀਤਾ ਜਾਗਰੂਕ

ਨੂਰਪੁਰ ਬੇਦੀ, 3 ਜਨਵਰੀ (ਰਾਜੇਸ਼ ਚੌਧਰੀ ਤਖਤਗੜ੍ਹ)-ਡਾ. ਵਿਧਾਨ ਚੰਦਰ ਸੀਨੀਅਰ ਮੈਡੀਕਲ ਅਫ਼ਸਰ ਸੀ. ਐਚ. ਸੀ. ਨੂਰਪੁਰ ਬੇਦੀ ਦੀ ਅਗਵਾਈ ਹੇਠ ਬਲਾਕ ਨੂਰਪੁਰ ਬੇਦੀ ਦੇ ਪਿੰਡ ਤਖਤਗੜ੍ਹ, ਬਜਰੂੜ, ਸਰਥਲੀ, ਧਮਾਣਾ, ਗੜ੍ਹਬਾਗਾ, ਝਾਂਡੀਆਂ, ਝਾਂਡੀਆਂ ਖੁਰਦ ਆਦਿ ਪਿੰਡਾਂ ਦੇ ਆਈ. ਈ. ਸੀ. ਵੈਨ ਵਲੋਂ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸਕੀਮ ਸੰਬੰਧੀ ਲੋਕਾਂ ਨੂੰ ਜਾਗਰੂਕ ਕੀਤਾ। ਇਸ ਮੌਕੇ ਡਾ. ਵਿਧਾਨ ਚੰਦਰ ਨੇ ਕਿਹਾ ਕਿ ਇਸ ਸਕੀਮ ਅਧੀਨ ਯੋਗ ਲਾਭਪਾਤਰੀਆਂ ਜਿਵੇਂ ਕਿ ਸਮਾਰਟ ਰਾਸ਼ਨ ਕਾਰਡ ਧਾਰਕ ਪਰਿਵਾਰ, ਜੇ ਫਾਰਮ ਧਾਰਕ ਕਿਸਾਨ ਪਰਿਵਾਰ, ਉਸਾਰੀ ਕਿਰਤੀ ਭਲਾਈ ਬੋਰਡ ਅਧੀਨ ਰਜਿਸਟਰਡ ਮਜ਼ਦੂਰ, ਐਕਰੀਡੇਟਿਡ ਤੇ ਪੀਲੇ ਕਾਰਡ ਧਾਰਕ ਪੱਤਰਕਾਰ, ਐਸ. ਈ. ਸੀ. ਡਾਟਾ 2011 'ਚ ਸ਼ਾਮਿਲ ਪਰਿਵਾਰ ਆਪਣਾ ਈ-ਕਾਰਡ ਬਣਵਾ ਕੇ ਇਸ ਸਕੀਮ ਦਾ ਲਾਭ ਲੈ ਸਕਦੇ ਹਨ। ਲਾਭਪਾਤਰੀਆਂ ਲਈ ਰਜਿਸਟ੍ਰੇਸ਼ਨ ਕਰਵਾਉਣ ਲਈ ਆਧਾਰ ਕਾਰਡ, ਨੀਲਾ ਕਾਰਡ, ਛੋਟੇ ਵਿਅਕਤੀਗਤ ਪੈਨ ਕਾਰਡ, ਪੰਜੀਕ੍ਰਿਤ ਉਸਾਰੀ ਕਾਮੇ ਵਿਭਾਗ ਵਲੋਂ ਜਾਰੀ ਕਾਰਡ ਨਾਲ ਲੈ ਕੇ ਜਾਣ। ਇਸ ਸਕੀਮ ਅਧੀਨ ਲਾਭਪਾਤਰੀ 5 ਲੱਖ ਰੁਪਏ ਤੱਕ ਦੇ ਇਲਾਜ ਦਾ ਲਾਭ ਲੈ ਸਕਦਾ ਹੈ। ਇਸ ਮੌਕੇ ਆਸ਼ਾ ਵਰਕਰਾਂ ਤੇ ਪਤਵੰਤੇ ਹਾਜ਼ਰ ਸਨ।

ਗੁਰਦੁਆਰਾ ਸੋਲਖੀਆਂ 'ਚ ਗੁਰਮਤਿ ਸਮਾਗਮ ਕਰਵਾਇਆ

ਰੂਪਨਗਰ, 3 ਜਨਵਰੀ (ਸਤਨਾਮ ਸਿੰਘ ਸੱਤੀ)-ਗੁਰਦੁਆਰਾ ਯਾਦਗਾਰ ਧੰਨ-ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਸੋਲਖੀਆਂ (ਰੋਪੜ) ਵਿਖੇ ਸੰਤ ਬਾਬਾ ਸਰੂਪ ਸਿੰਘ ਦੀ ਨਿੱਘੀ ਤੇ ਮਿੱਠੀ ਯਾਦ ਵਿਚ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ 'ਚ ਅੰਮ੍ਰਿਤ ਵੇਲੇ 6 ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਦਰਬਾਰ ਸਾਹਿਬ 'ਚ ਗੁਰਮਤਿ ਸਮਾਗਮ ਦੀ ਆਰੰਭਤਾ ਹੋਈ। ਸਮਾਗਮਾਂ ਅੰਦਰ ਸੰਤ ਬਾਬਾ ਰਣਜੀਤ ਸਿੰਘ ਤਪਾ ਦਰਾਜ਼ ਮੋਹਾਲੀ, ਸੰਤ ਬਾਬਾ ਲਖਵੀਰ ਸਿੰਘ ਰਤਵਾੜਾ ਸਾਹਿਬ ਵਾਲੇ, ਸੰਤ ਬਾਬਾ ਹਰੀ ਸਿੰਘ ਰੰਧਾਵੇ ਵਾਲੇ, ਸੰਤ ਬਾਬਾ ਸੁਰਜਨ ਸਿੰਘ ਫੂਲ ਖੁਰਦ, ਭਾਈ ਗਗਨਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਤੋਂ, ਸੰਤ ਬਾਬਾ ਗੁਰਮੇਲ ਸਿੰਘ ਲੰਗਰਾਂ ਵਾਲੇ ਸ੍ਰੀ ਚਮਕੌਰ ਸਾਹਿਬ ਤੋਂ, ਸੰਤ ਬਾਬਾ ਭੁਪਿੰਦਰ ਸਿੰਘ ਮਾਜਰੇ ਵਾਲੇ, ਸੰਤ ਬਾਬਾ ਪਰਮਿੰਦਰ ਸਿੰਘ ਸੰਧੂਆਂ ਵਾਲੇ, ਸੰਤ ਬਾਬਾ ਜਰਨੈਲ ਸਿੰਘ ਸ੍ਰੀ ਅਨੰਦਪੁਰ ਸਾਹਿਬ, ਸੰਤ ਬਾਬਾ ਪਰਮਜੀਤ ਸਿੰਘ ਢਿੱਡਾ ਸਾਹਿਬ ਵਾਲਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ ਦੁਆਰਾ ਨਿਹਾਲ ਕੀਤਾ। ਇਸ ਮੌਕੇ ਮੁੱਖ ਪ੍ਰਬੰਧਕ ਬੀਬੀ ਕਮਲਜੀਤ ਕੌਰ ਤੇ ਭਾਈ ਨਿਰਭੈ ਸਿੰਘ ਖ਼ਾਲਸਾ ਤਪਾ ਦਰਾਜ਼ ਮੋਹਾਲੀ ਵਾਲਿਆਂ ਨੇ ਆਈਆਂ ਸੰਗਤਾਂ ਦਾ ਹਾਰਦਿਕ ਸਵਾਗਤ ਤੇ ਧੰਨਵਾਦ ਕੀਤਾ ਗਿਆ। ਸਮਾਗਮ ਦੌਰਾਨ ਰਾਜਨੀਤਕ ਸ਼ਖ਼ਸੀਅਤਾਂ ਵੀ ਸ਼ਾਮਿਲ ਹੋਈਆਂ ਜਿਨ੍ਹਾਂ 'ਚ ਡਾ. ਦਲਜੀਤ ਸਿੰਘ ਚੀਮਾ ਸਾ. ਸਿੱਖਿਆ ਮੰਤਰੀ, ਸਤਵਿੰਦਰ ਸਿੰਘ ਚੈੜੀਆਂ ਚੇਅਰਮੈਨ ਪੀ. ਆਰ. ਟੀ. ਸੀ., ਭਾਗ ਸਿੰਘ ਚੇਅਰਮੈਨ ਅਨੁਸੂਚਿਤ ਜਾਤਾਂ ਭੌਂ ਵਿਕਾਸ ਵਿੱਤ ਕਾਰਪੋਰੇਸ਼ਨ, ਹਰਮੋਹਣ ਸਿੰਘ ਸੰਧੂ ਸਾਬਕਾ ਪੁਲੀਸ ਅਧਿਕਾਰੀ, ਰਜਿੰਦਰ ਸਿੰਘ ਰਾਜਾ ਨਨਹੇੜੀਆਂ ਬਹੁਜਨ ਸਮਾਜ ਪਾਰਟੀ, ਪਰਗਟ ਸਿੰਘ ਰੋਲੂਮਾਜਰਾ ਜ਼ਿਲ੍ਹਾ ਪ੍ਰਧਾਨ ਕਿਰਤੀ ਕਿਸਾਨ ਯੂਨੀਅਨ, ਦਰਸ਼ਨ ਸਿੰਘ ਮਲੇਰਕੋਟਲਾ, ਭੁਪਿੰਦਰ ਸਿੰਘ ਸੋਨੀ (ਖਰੜ) ਆਦਿ ਹਾਜ਼ਰ ਸਨ।

ਸਮਾਗਮ ਦੌਰਾਨ ਗੁਰਬਾਣੀ ਗਾਇਣ ਕਰ ਰਿਹਾ ਕੀਰਤਨੀ ਜਥਾ।

ਬਰਿੰਦਰ ਸਿੰਘ ਢਿੱਲੋਂ ਆਲਮਪੁਰ ਵਿਖੇ ਖਿਡਾਰੀਆਂ ਨੂੰ ਸਨਮਾਨਿਤ ਕਰਦੇ ਹੋਏ ਨਾਲ ਸਤਲੁਜ ਯੂਥ ਕਲੱਬ ਦੇ ਅਹੁਦੇਦਾਰ।
ਤਸਵੀਰ : ਜਸਵੀਰ ਸਿੰਘ ਸੈਣੀ

ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰਮਤਿ ਸਮਾਗਮ ਦੌਰਾਨ ਐਸ. ਡੀ. ਐਮ. ਗੋਇਲ ਤੇ ਹੋਰ।

ਤਹਿਸੀਲ ਕੰਪਲੈਕਸ ਵਿਖੇ ਨਵੇਂ ਸਾਲ ਦੀ ਆਮਦ ਨੂੰ ਲੈ ਕੇ ਸਮਾਗਮ

ਸ੍ਰੀ ਅਨੰਦਪੁਰ ਸਾਹਿਬ, 3 ਜਨਵਰੀ (ਜੇ. ਐਸ. ਨਿੱਕੂਵਾਲ)-ਤਹਿਸੀਲ ਕੰਪਲੈਕਸ ਸ੍ਰੀ ਅਨੰਦਪੁਰ ਸਾਹਿਬ ਵਿਖੇ ਨਵੇਂ ਵਰ੍ਹੇ ਦੀ ਆਮਦ ਨੂੰ ਲੈ ਕੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਧਾਰਮਿਕ ਦੀਵਾਨ ਵੀ ਸਜਾਏ ਗਏ। ਇਸ ਮੌਕੇ ਐਸ. ਡੀ. ਐਮ. ਕੇਸ਼ਵ ਗੋਇਲ, ਤਹਿਸੀਲਦਾਰ ਮਨਜੀਤ ਸਿੰਘ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਦੌਲਤ ਸਿੰਘ ਚੱਬਰੇਵਾਲ, ਸੁਪਰਡੈਂਟ ਅਮਰੀਕ ਸਿੰਘ, ਜਤਿੰਦਰ ਸਿੰਘ ਡੂਮੇਵਾਲ, ਤੇਜਿੰਦਰ ਸਿੰਘ, ਸਾਬਕਾ ਕੌਂਸਲਰ ਨਰਿੰਦਰ ਸੈਣੀ, ਰਾਜਨ ਸ਼ਰਮਾ, ਮੇਜਰ ਸਿੰਘ ਪੁਰਖਾਲੀ, ਅਮਨਦੀਪ ਸਿੰਘ ਮਿਨਹਾਸ, ਸਕੱਤਰ ਡਜਗਦੀਪ ਸਿੰਘ ਮਿਨਹਾਸ ਸਮੇਤ ਵੱਡੀ ਗਿਣਤੀ 'ਚ ਸੰਗਤ ਹਾਜ਼ਰ ਸੀ।



ਮੁੱਲਾਂਪੁਰ ਗਰੀਬਦਾਸ ਵਿਖੇ ਤਾਇਨਾਤ ਡੀ. ਐਸ. ਪੀ. ਬਿਕਰਮਜੀਤ ਸਿੰਘ ਬਰਾੜ ਦੇ ਤਬਾਦਲੇ ਉਪਰੰਤ ਉਨ੍ਹਾਂ ਦੀ ਥਾਂ ਅਹੁਦਾ ਸੰਭਾਲਣ ਵਾਲੇ ਨਵ ਨਿਯੁਕਤ ਡੀ. ਐਸ. ਪੀ. ਅਮਰਪ੍ਰੀਤ ਸਿੰਘ।

ਪੈਨਸ਼ਨਰਜ਼ ਐਸੋਸੀਏਸ਼ਨ ਬਲਾਕ ਨੂਰਪੁਰ ਬੇਦੀ ਦੀ ਬੈਠਕ

ਨੂਰਪੁਰ ਬੇਦੀ, 3 ਜਨਵਰੀ (ਰਾਜੇਸ਼ ਚੌਧਰੀ ਤਖਤਗੜ੍ਹ)-ਪੰਜਾਬ ਪੈਨਸ਼ਨਰਜ਼ ਐਸੋਸੀਏਸ਼ਨ ਬਲਾਕ ਨੂਰਪੁਰ ਬੇਦੀ ਦੀ ਮਹੀਨਾਵਾਰ ਮੀਟਿੰਗ ਸਰਬਣ ਸਿੰਘ ਜੇਤੇਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਦਸੌਂਧੀ ਰਾਮ ਲਾਲਪਰ ਦੀ ਅਚਾਨਕ ਹੋਈ ਮੌਤ 'ਤੇ ਦੁੱਖ ਪ੍ਰਗਟ ਕੀਤਾ ਗਿਆ। ਮੀਟਿੰਗ 'ਚ ਬਲਦੇਵ ਸਿੰਘ ਭਾਓਵਾਲ ਨੇ ਪੈਨਸ਼ਨਰਜ਼ ਨੂੰ ਮਿਲੇ ਬਕਾਏ ਬਾਰੇ ਜਾਣਕਾਰੀ ਦਿੱਤੀ ਤੇ ਦੱਸਿਆ ਕਿ 1-7-2021 ਤੋਂ 31-12-2021 ਤੱਕ ਬਕਾਇਆ ਦਿੱਤਾ ਹੈ। ਮੀਟਿੰਗ 'ਚ ਨਰੰਜਣ ਸਿੰਘ ਨਲਹੋਟੀ ਤੇ ਜੋਗਿੰਦਰ ਸਿੰਘ ਜੱਸੋ ਮਾਜਰਾ ਨੂੰ ਸੀਨੀਅਰ ਹੋਣ ਕਰਕੇ ਸਨਮਾਨਿਤ ਕੀਤਾ ਗਿਆ। ਮੀਟਿੰਗ ਦੌਰਾਨ ਰਾਜ ਕੁਮਾਰ, ਮਾ. ਦਰਸ਼ਨ ਕੁਮਾਰ, ਕੁਲਦੀਪ ਸਿੰਘ, ਪ੍ਰਕਾਸ਼ ਚੰਦ, ਸ਼ਿੰਗਾਰਾ ਸਿੰਘ, ਵੇਦ ਪ੍ਰਕਾਸ਼, ਰਾਜ ਕੁਮਾਰ, ਅਮਰੀਕ ਸਿੰਘ, ਨਰੰਜਣ ਸਿੰਘ, ਮਾ. ਮੋਹਨ ਸਿੰਘ, ਬਲੀ ਸਿੰਘ, ਅਜਮੇਰ ਸਿੰਘ, ਕਰਮ ਸਿੰਘ, ਕੁਲਦੀਪ, ਅਜੈਬ ਸਿੰਘ, ਅਸ਼ੋਕ ਕੁਮਾਰ, ਰਾਮ ਸ਼ਾਹ, ਧਨੀ ਰਾਮ, ਰਜਨੀਸ਼ ਕੁਮਾਰ ਤੇ ਜੋਗਿੰਦਰ ਸਿੰਘ ਆਦਿ ਐਸੋਸੀਏਸ਼ਨ ਦੇ ਮੈਂਬਰ ਤੇ ਅਹੁਦੇਦਾਰ ਹਾਜ਼ਰ ਸਨ।

ਚਾਰ ਰੋਜ਼ਾ ਫੁੱਟਬਾਲ ਟੂਰਨਾਮੈਂਟ 'ਚ ਰੂਪਨਗਰ ਜੇਤੂ

ਘਨੌਲੀ, 3 ਜਨਵਰੀ (ਜਸਵੀਰ ਸਿੰਘ ਸੈਣੀ)-ਸਤਲੁਜ ਯੂਥ ਕਲੱਬ ਤੇ ਗ੍ਰਾਮ ਪੰਚਾਇਤ ਵਲੋਂ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਆਲਮਪੁਰ ਦੇ ਖੇਡ ਮੈਦਾਨ 'ਚ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਫੁੱਟਬਾਲ ਟੂਰਨਾਮੈਂਟ ਦੇ ਇਨਾਮ ਵੰਡ ਸਮਾਗਮ ਦੇ ਮੁੱਖ ਮਹਿਮਾਨ ਬਰਿੰਦਰ ਸਿੰਘ ਢਿੱਲੋਂ ਪ੍ਰਧਾਨ ਪੰਜਾਬ ਯੂਥ ਕਾਂਗਰਸ ਤੇ ਹਲਕਾ ਇੰਚਾਰਜ ਰੂਪਨਗਰ ਉਚੇਚੇ ਤੌਰ 'ਤੇ ਪੁੱਜੇ। ਢਿੱਲੋਂ ਨੇ ਇਨਾਮ ਵੰਡ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿਥੇ ਪਿੰਡ ਵਾਸੀ ਇਸ ਸ਼ਲਾਘਾਯੋਗ ਕ